ਬਸੰਤੁ ਬਾਣੀ ਭਗਤਾਂ ਕੀ ॥ ਕਬੀਰ ਜੀ ਘਰੁ ੧ ੴ ਸਤਿਗੁਰ ਪ੍ਰਸਾਦਿ ॥ ਮਉਲੀ ਧਰਤੀ ਮਉਲਿਆ ਅਕਾਸੁ ॥ ਘਟਿ ਘਟਿ ਮਉਲਿਆ ਆਤਮ ਪ੍ਰਗਾਸੁ ॥੧॥ ਰਾਜਾ ਰਾਮੁ ਮਉਲਿਆ ਅਨਤ ਭਾਇ ॥ ਜਹ ਦੇਖਉ ਤਹ ਰਹਿਆ ਸਮਾਇ ॥੧॥ ਰਹਾਉ ॥ ਦੁਤੀਆ ਮਉਲੇ ਚਾਰਿ ਬੇਦ ॥ ਸਿੰਮ੍ਰਿਤਿ ਮਉਲੀ ਸਿਉ ਕਤੇਬ ॥ ੨॥ ਸੰਕਰੁ ਮਉਲਿਓ ਜੋਗ ਧਿਆਨ ॥ ਕਬੀਰ ਕੋ ਸੁਆਮੀ ਸਭ ਸਮਾਨ ॥੩॥੧॥ {ਪੰਨਾ 1193}

ਪਦਅਰਥ:- ਮਉਲੀ—ਖਿੜੀ ਹੋਈ ਹੈ, ਟਹਿਕ ਰਹੀ ਹੈ, ਸੁਹਣੀ ਲੱਗ ਰਹੀ ਹੈ। ਘਟਿ ਘਟਿ—ਹਰੇਕ ਘਟ ਵਿਚ। ਮਉਲਿਆ—ਖਿੜਿਆ ਹੋਇਆ ਹੈ, ਚਮਕ ਦਿਖਾ ਰਿਹਾ ਹੈ, ਭਾਵ ਮਾਰ ਰਿਹਾ ਹੈ। ਪ੍ਰਗਾਸੁ—ਚਾਨਣ, ਜੋਤ। ਆਤਮ ਪ੍ਰਗਾਸੁ—ਆਤਮਾ ਦਾ ਪ੍ਰਕਾਸ਼, ਪਰਮਾਤਮਾ ਦੀ ਜੋਤ ਦਾ ਚਾਨਣ।1।

ਰਾਜਾ—ਪ੍ਰਕਾਸ਼-ਸਰੂਪ। ਅਨਤ—ਅਨੰਤ। ਅਨਤ ਭਾਇ—ਅਨੰਤ ਭਾਵ ਵਿਚ, ਬੇਅੰਤ ਤਰੀਕਿਆਂ ਨਾਲ, ਅਨੇਕ ਤਰ੍ਹਾਂ। ਜਹ—ਜਿੱਧਰ। ਦੇਖਉ—ਦੇਖਉਂ, ਮੈਂ ਵੇਖਦਾ ਹਾਂ। ਤਹ—ਉਧਰ। ਸਮਾਇ ਰਹਿਆ—ਭਰਪੂਰ ਹੈ।1। ਰਹਾਉ।

ਦੁਤੀਆ—ਦੂਜੀ ਗੱਲ (ਇਹ ਹੈ); ਅਤੇ ਹੋਰ (ਸੁਣੋ)। ਸਿਉ ਕਤੇਬ—ਮੁਸਲਮਾਨੀ ਧਰਮ ਪੁਸਤਕਾਂ ਸਮੇਤ।2।

ਸੰਕਰੁ—ਸ਼ਿਵ। ਸਭ—ਹਰ ਥਾਂ। ਸਮਾਨ—ਇਕੋ ਜਿਹਾ।3।

ਅਰਥ:- (ਸਾਰੇ ਜਗਤ ਦਾ ਮਾਲਕ) ਜੋਤ-ਸਰੂਪ ਪਰਮਾਤਮਾ (ਆਪਣੇ ਬਣਾਏ ਜਗਤ ਵਿਚ) ਅਨੇਕ ਤਰ੍ਹਾਂ ਆਪਣਾ ਪ੍ਰਕਾਸ਼ ਕਰ ਰਿਹਾ ਹੈ। ਮੈਂ ਜਿੱਧਰ ਵੇਖਦਾ ਹਾਂ, ਉਧਰ ਹੀ ਉਹ ਭਰਪੂਰ (ਦਿੱਸਦਾ) ਹੈ।1। ਰਹਾਉ।

ਹਰੇਕ ਘਟ ਵਿਚ ਉਸ ਪਰਮਾਤਮਾ ਦਾ ਹੀ ਪ੍ਰਕਾਸ਼ ਹੈ। ਧਰਤੀ ਤੇ ਅਕਾਸ਼ (ਉਸੇ ਦੀ ਜੋਤ ਦੇ ਪ੍ਰਕਾਸ਼ ਨਾਲ) ਖਿੜੇ ਹੋਏ ਹਨ।1।

(ਨਿਰੀ ਧਰਤ ਅਕਾਸ਼ ਹੀ ਨਹੀਂ) ਚਾਰੇ ਵੇਦ, ਸਿਮ੍ਰਿਤੀਆਂ ਤੇ ਮੁਸਲਮਾਨੀ ਧਰਮ-ਪੁਸਤਕ—ਇਹ ਸਾਰੇ ਭੀ ਪਰਮਾਤਮਾ ਦੀ ਜੋਤ ਨਾਲ ਪਰਗਟ ਹੋਏ ਹਨ।2।

ਜੋਗ-ਸਮਾਧੀ ਲਾਣ ਵਾਲਾ ਸ਼ਿਵ ਭੀ (ਪ੍ਰਭੂ ਦੀ ਜੋਤ ਦੀ ਬਰਕਤਿ ਨਾਲ) ਖਿੜਿਆ। (ਮੁੱਕਦੀ ਗੱਲ ਇਹ ਕਿ) ਕਬੀਰ ਦਾ ਮਾਲਕ (-ਪ੍ਰਭੂ) ਸਭ ਥਾਂ ਇਕੋ ਜਿਹਾ ਖਿੜ ਰਿਹਾ ਹੈ।3।

ਸ਼ਬਦ ਦਾ ਭਾਵ:- ਪਰਮਾਤਮਾ ਸਰਬ-ਵਿਆਪਕ ਹੈ, ਉਸੇ ਦੀ ਜੋਤ ਦਾ ਪ੍ਰਕਾਸ਼ ਹਰ ਥਾਂ ਹੋ ਰਿਹਾ ਹੈ।